202125560
to 202125504
2/2/2021

ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਐਸਿ) ਪੰਜਾਬ ਕੰਪਲੈਕਸ
ਪੰਜਾਬ ਸਕੂਲ ਸਿੱਖਿਆ ਬੋਰਡ, ਫੇਜ-8, ਸਅਸ ਨਗਰ
(ਸਪੋਰਟਸ ਸਾਖਾ)

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਐਸਿ/ਸੈਸਿ)
ਪੰਜਾਬ।

ਸਮੂਹ ਸਕੂਲ ਮੁੱਖੀ,
ਪੰਜਾਬ।

ਮੀਮੋ ਨੰ: ਸਪੈਸਲ/ਸਪੋਰਟਸ/2021
ਮਿਤੀ 29-01-2021

ਵਿਸ਼ਾ: ਸੂਚਨਾ ਦਾ ਅਧਿਕਾਰ ਐਕਟ-2005 ਅਧੀਨ ਅਸਾਮੀਆਂ ਦੀ ਸੂਚਨਾ ਦੇਣ ਸਬੰਧੀ।

ਉਪਰੋਕਤ ਵਿਸੇ ਸਬੰਧੀ ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਵੱਖ-2 ਜਿਲ੍ਹਿਆਂ ਵਿੱਚ ਬਹੁਤ ਸਾਰੇ ਬਿਨੈਕਾਰਾਂ ਵੱਲੋਂ ਉਕਤ ਐਕਟ ਅਧੀਨ ਅਸਾਮੀਆਂ ਦੀ ਗਿਣਤੀ (ਮੰਜੂਰ/ਭਰੀਆਂ/ਖਾਲੀ) ਸਬੰਧੀ ਸੂਚਨਾਂ ਦੀ ਮੰਗ ਕੀਤੀ ਜਾ ਰਹੀ ਹੈ ਅਤੇ ਜਿਲ੍ਹਾ ਸਿੱਖਿਆ ਅਫਸਰਾਂ ਵੱਲੋਂ ਬਿਨੈਕਾਰਾਂ ਨੂੰ ਅਸਾਮੀਆਂ ਦੀ ਸੂਚਨਾ ਦਿੱਤੀ ਜਾ ਰਹੀ ਹੈ ਜਿਸ ਨਾਲ ਬਹੁਤ ਜਿਆਦਾ ਲਿਟੀਗੇਸਨ ਪੈਦਾ ਹੋ ਰਹੀ ਹੈ ਅਤੇ ਵਿਭਾਗ ਨੂੰ ਪ੍ਰਬੰਧਕੀ ਮੁਸਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

2.0 ਉਕਤ ਸਬੰਧੀ ਦੱਸਿਆ ਜਾਂਦਾ ਹੈ ਕਿ ਇਸ ਸਾਲ ਦਾਖਲੇ ਉਪਰੰਤ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਵਿੱਚ ਕਾਫੀ ਵਾਧਾ ਹੋਇਆ ਹੈ ਜਿਸ ਨਾਲ ਸਕੂਲਾਂ ਵਿੱਚ ਵਕੈਂਸੀ ਪੁਜੀਸਨ ਦੀ ਸਥਿਤੀ ਵਿੱਚ ਕਾਫੀ ਬਦਲਾਵ ਹੋ ਰਿਹਾ ਹੈ। ਇਸ ਲਈ ਆਰ.ਟੀ.ਆਈ. ਐਕਟ ਅਧੀਨ ਅਸਾਮੀਆਂ ਸਬੰਧੀ ਕੋਈ ਵੀ ਸੂਚਨਾਂ ਆਪਣੇ ਪੱਧਰ ਤੇ ਨਾ ਦਿੱਤੀ ਜਾਵੇ ਅਤੇ ਇਸ ਸਬੰਧੀ ਪੱਤਰ ਪ੍ਰਾਪਤ ਹੋਣ ਤੇ ਉਸਨੂੰ ਮੁੱਖ ਦਫਤਰ ਨੂੰ ਟ੍ਰਾਂਸਫਰ ਕੀਤਾ ਜਾਵੇ।

ਇਹ ਪੱਤਰ ਸਕੱਤਰ ਸਕੂਲ ਸਿੱਖਿਆ ਜੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤਾ ਜਾ ਰਿਹਾ ਹੈ।

ਡਾਇਰੈਕਟਰ ਸਿੱਖਿਆ ਵਿਭਾਗ (ਐਸਿ) ਪੰਜਾਬ

ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.)-ਮਾਨਸਾ
ਪਿੱਠ ਅੰਕਣ ਨੰ: ਅ-1,2,3/1()2021-22/ਆਰ.ਟੀ.ਆਈ./2021 36260
ਮਿਤੀ ਮਾਨਸਾ 02-02-2021
ਉਪਰੋਕਤ ਜ਼ਿਲ੍ਹਾ ਮਾਨਸਾ ਦੇ ਸਮੂਹ ਸਕੂਲ ਮੁੱਖੀਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।
ਜ਼ਿਲ੍ਹਾ ਸਿੱਖਿਆ ਅਫ਼ਸਰ(ਸ)
ਮਾਨਸਾ

Scanned with CamScanner